# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ : 10-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੈਰਿਸ ਵਿੱਚ ਅੰਤਰਰਾਸ਼ਟਰੀ ਪੁਲਾੜ ਸੰਮੇਲਨ ਨੂੰ ਵੀਡੀਓ ਕਾਨਫਰੰਸ ਰਾਹੀਂ ਸੰਬੋਧਨ ਕੀਤਾ ਅਤੇ ਉਨ੍ਹਾਂ ਕਿਹਾ ਕਿ ਭਾਰਤ ਇੱਕ ਸੁਰੱਖਿਅਤ, ਸ਼ਾਂਤੀਪੂਰਨ ਅਤੇ ਨਿਰੰਤਰ ਰਹਿਣਯੋਗ ਪੁਲਾੜ ਖੇਤਰ ਦਾ ਸਮਰਥਨ ਕਰਦਾ ਏ ।

- ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਇਸ ਹਫ਼ਤੇ ਨਵੀਂ ਦਿੱਲੀ ਵਿੱਚ ਬ੍ਰਿਕਸ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਆਉਣਗੇ।

- ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ K . ਰਾਮ ਮੋਹਨ ਨਾਇਡੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਹਵਾਬਾਜ਼ੀ ਖੇਤਰ ਵਿੱਚ ਮਹੱਤਵਪੂਰਨ ਤਬਦੀਲੀ ਆਈ ਏ |

- ਭਾਰਤ ਪਾਕਿਸਤਾਨ ਨੂੰ ਹਰਾ ਕੇ ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਸੈਮੀਫਾਈਨਲ 'ਚ ਪਹੁੰਚ ਗਿਆ ਏ |

- ਮਹਿਲਾ ਏਸ਼ੀਆ ਕੱਪ ਕ੍ਰਿਕੇਟ ਦੇ ਪਹਿਲੇ ਸੈਮੀਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਭਾਰਤ ਇੱਕ ਸੁਰੱਖਿਅਤ, ਸ਼ਾਂਤੀਪੂਰਨ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੁਲਾੜ ਗਤੀਵਿਧੀਆਂ ਅੰਤਰਰਾਸ਼ਟਰੀ ਕਾਨੂੰਨ, ਗੱਲਬਾਤ ਅਤੇ ਬਹੁਪੱਖੀ ਸਹਿਯੋਗ 'ਤੇ ਅਧਾਰਤ ਹੋਣੀਆਂ ਚਾਹੀਦੀਆਂ ਹਨ। ਪ੍ਰਧਾਨ ਮੰਤਰੀ ਅੱਜ ਪੈਰਿਸ ਵਿੱਚ ਆਯੋਜਿਤ ਅੰਤਰਰਾਸ਼ਟਰੀ ਪੁਲਾੜ ਸੰਮੇਲਨ ਨੂੰ ਵੀਡੀਓ ਕਾਨਫਰੰਸ ਰਾਹੀਂ ਸੰਬੋਧਨ ਕਰ ਰਹੇ ਸਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਿਗਿਆਨਕ ਡੇਟਾ ਦੀ ਵਰਤੋਂ ਪਾਰਦਰਸ਼ਤਾ ਅਤੇ ਇਮਾਨਦਾਰੀ ਨਾਲ ਕੀਤੀ ਜਾਣੀ

ਚਾਹੀਦੀ ਹੈ, ਜੋ ਕਿ ਸਾਰੀ ਮਨੁੱਖਤਾ ਦੇ ਹਿੱਤ ਵਿੱਚ ਹੋਏ | ਉਨ੍ਹਾਂ ਕਿਹਾ ਕਿ ਭਾਰਤ ਦਾ ਦ੍ਰਿਸ਼ਟੀਕੋਣ "ਵਸੁਧੈਵ ਕੁਟੁੰਬਕਮ" ਦੀ ਭਾਵਨਾ 'ਤੇ ਅਧਾਰਤ ਹੈ, ਜਿਸਦਾ ਅਰਥ ਹੈ "ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ", ਅਤੇ ਇਸ ਭਾਵਨਾ ਨੂੰ ਹੁਣ ਧਰਤੀ ਤੋਂ ਪਰੇ ਪੁਲਾੜ ਤੱਕ ਵਧਾਉਣ ਦੀ ਲੋੜ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਪੁਲਾੜ ਯਾਤਰਾ ਇਸ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਪੁਲਾੜ ਨੇ ਸਦੀਆਂ ਤੋਂ ਮਨੁੱਖੀ ਕਲਪਨਾ ਨੂੰ ਪ੍ਰੇਰਿਤ ਕੀਤਾ ਹੈ ਅਤੇ ਅੱਜ ਧਰਤੀ 'ਤੇ ਜੀਵਨ ਨੂੰ ਪ੍ਰਭਾਵਿਤ ਕਰ ਰਿਹਾ ਹੈ, ਜਿਸ ਵਿੱਚ ਜਲਵਾਯੂ, ਖੇਤੀਬਾੜੀ, ਸਮੁੰਦਰ ਅਤੇ ਭਾਈਚਾਰੇ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੁਲਾੜ 'ਚ ਅਸੀਮ ਸੰਭਾਵਨਾਵਾਂ ਨੇ। ਸ਼੍ਰੀ ਮੋਦੀ ਨੇ ਦੇਸ਼ ਦੀ ਪੁਲਾੜ ਯਾਤਰਾ ਵਿੱਚ ਹੋਈ ਸ਼ਾਨਦਾਰ ਪ੍ਰਗਤੀ ਨੂੰ ਉਜਾਗਰ ਕਰਦਿਆਂ ਕਿਹਾ ਕਿ ਚੰਦਰਯਾਨ-3 ਰਾਹੀਂ ਭਾਰਤ ਚੰਦਰਮਾ ਦੇ ਦੱਖਣੀ ਧਰੁਵ ਦੇ ਨੇੜੇ ਉਤਰਨ ਵਾਲਾ ਪਹਿਲਾ ਦੇਸ਼ ਬਣ ਗਿਆ। ਉਨ੍ਹਾਂ ਕਿਹਾ ਕਿ ਆਦਿਤਿਆ-ਐਲ1 ਮਿਸ਼ਨ ਸੂਰਜ ਦੇ ਰਹੱਸਾਂ ਨੂੰ ਸਮਝਣ ਵਿੱਚ ਮਦਦ ਕਰ ਰਿਹਾ ਹੈ। ਭਾਰਤ ਦਾ ਟੀਚਾ 2035 ਤੱਕ ਆਪਣਾ ਪੁਲਾੜ ਸਟੇਸ਼ਨ ਸਥਾਪਤ ਕਰਨਾ ਅਤੇ 2040 ਤੱਕ ਇੱਕ ਭਾਰਤੀ ਨੂੰ ਚੰਦਰਮਾ 'ਤੇ ਭੇਜਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦਾ ਇੱਕ ਸਪੱਸ਼ਟ ਸਿਧਾਂਤ ਹੈ ਕਿ ਪੁਲਾੜ ਦੇ ਲਾਭ ਸਾਰੀ ਮਨੁੱਖਤਾ ਤੱਕ ਪਹੁੰਚਣੇ ਚਾਹੀਦੇ ਹਨ। ਪ੍ਰਧਾਨ ਮੰਤਰੀ ਨੇ ਪੁਲਾੜ ਖੇਤਰ ਵਿੱਚ ਇਸਰੋ ਦੀ ਭੂਮਿਕਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸਰੋ ਨੇ ਆਪਣੇ ਸ਼ਾਨਦਾਰ ਅਤੇ ਘੱਟ ਲਾਗਤ ਵਾਲੇ

ਮਿਸ਼ਨਾਂ ਲਈ ਦੁਨੀਆ ਭਰ ਵਿੱਚ ਸਨਮਾਨ ਹਾਸਲ  ਕੀਤਾ ਹੈ। ਉਨ੍ਹਾਂ ਕਿਹਾ ਕਿ ਇਸਰੋ ਉਨ੍ਹਾਂ ਕਿਹਾ ਕਿ ਭਾਰਤੀ ਰਾਕੇਟਾਂ ਦੀ ਵਰਤੋਂ ਕਰਕੇ 34 ਦੇਸ਼ਾਂ ਦੇ 430 ਤੋਂ ਵੱਧ ਉਪਗ੍ਰਹਿ ਪੁਲਾੜ ਵਿੱਚ ਭੇਜੇ ਗਏ ਨੇ । ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸਰੋ ਦੀ ਤਕਨਾਲੋਜੀ ਅਤੇ ਸਾਂਝੇਦਾਰੀ ਨਾ ਸਿਰਫ਼ ਭਾਰਤ ਲਈ ਸਗੋਂ ਪੂਰੀ ਦੁਨੀਆ ਲਈ ਲਾਭਦਾਇਕ ਹੈ। ਉਨ੍ਹਾਂ ਨੇ ਭਾਰਤੀ ਵਿਗਿਆਨੀਆਂ, ਇੰਜੀਨੀਅਰਾਂ ਅਤੇ ਟੈਕਨੀਸ਼ੀਅਨਾਂ ਦੀਆਂ

---------------------------------------------------------

ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਇਸ ਹਫ਼ਤੇ ਨਵੀਂ ਦਿੱਲੀ ਵਿੱਚ ਬ੍ਰਿਕਸ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਆਉਣਗੇ। ਚੀਨੀ ਵਿਦੇਸ਼ ਮੰਤਰਾਲੇ ਨੇ ਅੱਜ ਕਿਹਾ ਕਿ ਰਾਸ਼ਟਰਪਤੀ ਸ਼ੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੱਦੇ 'ਤੇ 12 ਅਤੇ 13 ਸਤੰਬਰ ਨੂੰ ਹੋਣ ਵਾਲੇ 18ਵੇਂ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣਗੇ। ਵਿਸ਼ਵਵਿਆਪੀ ਅਸਥਿਰਤਾ, ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਅਤੇ ਰੂਸ-ਯੂਕਰੇਨ ਯੁੱਧ ਦੇ ਦਰਮਿਆਨ, ਇਸ ਦੌਰੇ ਨੂੰ ਬ੍ਰਿਕਸ ਸਹਿਯੋਗ ਲਈ ਇੱਕ ਮਹੱਤਵਪੂਰਨ ਕੂਟਨੀਤਕ ਪਹਿਲਕਦਮੀ ਮੰਨਿਆ ਜਾ ਰਿਹਾ ਹੈ। ਇਹ ਸੱਤ ਸਾਲਾਂ ਵਿੱਚ ਸ਼ੀ ਜਿਨਪਿੰਗ ਦਾ ਭਾਰਤ ਦਾ ਪਹਿਲਾ ਦੌਰਾ ਹੋਵੇਗਾ। ਸ਼ੀ ਜਿਨਫਿੰਗ ਦੀ ਦੌਰੇ  ਤੋਂ ਪਹਿਲਾਂ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਅਤੇ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੇ ਪਿਛਲੇ ਮਹੀਨੇ ਪੇਇਚਿੰਗ ਵਿੱਚ ਸਰਹੱਦੀ ਮੁੱਦੇ, ਸਰਹੱਦ 'ਤੇ ਸ਼ਾਂਤੀ ਅਤੇ ਸਥਿਰਤਾ ਬਣਾਈ ਰੱਖਣ ਅਤੇ ਦੁਵੱਲੇ ਸਬੰਧਾਂ ਨੂੰ ਬਿਹਤਰ ਬਣਾਉਣ ਦੇ

ਉਪਾਵਾਂ 'ਤੇ ਵਿਆਪਕ ਗੱਲਬਾਤ ਕੀਤੀ ਸੀ। ਭਾਰਤ ਇਸ ਸਮੇਂ ਬ੍ਰਿਕਸ ਦੀ ਚੇਅਰਪਰਸਨ ਹੈ ਅਤੇ ਸ਼ਨੀਵਾਰ ਅਤੇ ਐਤਵਾਰ ਨੂੰ ਨਵੀਂ ਦਿੱਲੀ ਵਿੱਚ 18ਵੇਂ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰੇਗਾ। ਨਵੀਂ ਦਿੱਲੀ ਵਿੱਚ ਹੋਣ ਵਾਲਾ ਬ੍ਰਿਕਸ ਸੰਮੇਲਨ ਦੁਨੀਆ ਦੀਆਂ ਪ੍ਰਮੁੱਖ ਉੱਭਰ ਰਹੀਆਂ ਅਰਥਵਿਵਸਥਾਵਾਂ ਨੂੰ ਇਕੱਠਾ ਕਰੇਗਾ। ਬ੍ਰਿਕਸ ਵਿੱਚ ਅਸਲ ਵਿੱਚ ਬ੍ਰਾਜ਼ੀਲ, ਰੂਸ, ਭਾਰਤ, ਚੀਨ ਅਤੇ ਦੱਖਣੀ ਅਫਰੀਕਾ ਸ਼ਾਮਲ ਸਨ। ਇਸਦਾ ਵਿਸਥਾਰ 2024 ਵਿੱਚ ਮਿਸਰ, ਇਥੋਪੀਆ, ਈਰਾਨ, ਸੰਯੁਕਤ ਅਰਬ ਅਮੀਰਾਤ ਅਤੇ ਸਾਊਦੀ ਅਰਬ ਦੇ ਨਾਲ ਹੋਇਆ। ਇੰਡੋਨੇਸ਼ੀਆ ਵੀ 2025 ਵਿੱਚ ਸ਼ਾਮਲ ਹੋਇਆ। ਬੇਲਾਰੂਸ, ਬੋਲੀਵੀਆ, ਕਜ਼ਾਕਿਸਤਾਨ, ਕਿਊਬਾ, ਮਲੇਸ਼ੀਆ, ਨਾਈਜੀਰੀਆ, ਥਾਈਲੈਂਡ, ਯੂਗਾਂਡਾ, ਉਜ਼ਬੇਕਿਸਤਾਨ ਅਤੇ ਵੀਅਤਨਾਮ ਪਿਛਲੇ ਸਾਲ ਬ੍ਰਿਕਸ ਦੇ ਭਾਈਵਾਲ ਦੇਸ਼ ਬਣੇ। ਬ੍ਰਿਕਸ ਉੱਭਰ ਰਹੀਆਂ ਅਰਥਵਿਵਸਥਾਵਾਂ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਬਣ ਗਿਆ ਹੈ। ਇਸਦੇ ਜ਼ਰੀਏ, ਇਹ ਦੇਸ਼ ਵਿਸ਼ਵ ਸ਼ਾਸਨ ਵਿੱਚ ਵਧੇਰੇ ਪ੍ਰਤੀਨਿਧਤਾ,

---

18ਵੇਂ ਬ੍ਰਿਕਸ ਸੰਮੇਲਨ, ਜੋ ਕਿ ਸ਼ਨੀਵਾਰ ਤੋਂ ਨਵੀਂ ਦਿੱਲੀ ਵਿੱਚ ਹੋਣ ਜਾ ਰਿਹਾ ਹੈ, ਦੇ ਮੱਦੇਨਜ਼ਰ, ਦਿੱਲੀ ਪੁਲਿਸ, ਟ੍ਰੈਫਿਕ ਪੁਲਿਸ ਅਤੇ ਨਵੀਂ ਦਿੱਲੀ ਨਗਰ ਪ੍ਰੀਸ਼ਦ ਵੱਲੋਂ ਕਈ ਮਹੱਤਵਪੂਰਨ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਇਸਦਾ ਉਦੇਸ਼ ਸੰਮੇਲਨ ਦੇ ਸੁਚਾਰੂ ਸੰਚਾਲਨ ਅਤੇ ਸੁਰੱਖਿਅਤ ਵਾਤਾਵਰਣ ਨੂੰ ਯਕੀਨੀ ਬਣਾਉਣਾ ਹੈ।

ਕੱਲ੍ਹ ਨਵੀਂ ਦਿੱਲੀ ਵਿੱਚ ਹੋਣ ਵਾਲੇ 18ਵੇਂ ਬ੍ਰਿਕਸ ਸੰਮੇਲਨ ਦੇ ਮੱਦੇਨਜ਼ਰ, 15,000 ਦਿੱਲੀ ਪੁਲਿਸ ਅਤੇ 200 ਕੇਂਦਰੀ ਹਥਿਆਰਬੰਦ ਪੁਲਿਸ ਬਲ ਦੇ ਜਵਾਨ ਤਾਇਨਾਤ ਕੀਤੇ ਗਏ ਹਨ। ਸੰਮੇਲਨ ਦੀ ਪੂਰੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਦਿੱਲੀ ਪੁਲਿਸ ਨੇ ਤੁਗਲਕ ਰੋਡ ਖੇਤਰ ਵਿੱਚ ਲਗਭਗ 500 ਸੀਸੀਟੀਵੀ ਕੈਮਰੇ ਲਗਾਏ ਹਨ। ਇਸ ਤੋਂ ਇਲਾਵਾ, ਨਵੀਂ ਦਿੱਲੀ ਨਗਰ ਪ੍ਰੀਸ਼ਦ (ਐਨਡੀਐਮਸੀ) ਨੇ ਆਪਣੇ ਗ੍ਰੀਨ ਜ਼ੋਨਾਂ ਵਿੱਚ ਮੁੱਖ ਸੜਕਾਂ, ਚੌਰਾਹਿਆਂ, ਗੋਲ ਚੱਕਰਾਂ ਅਤੇ ਜਨਤਕ ਥਾਵਾਂ 'ਤੇ ਲਗਭਗ 15,000 ਗਮਲਿਆਂ ਵਾਲੇ ਪੌਦੇ ਲਗਾਏ ਨੇ । 17 ਪ੍ਰਮੁੱਖ ਗੋਲ ਚੱਕਰਾਂ 'ਤੇ ਸ਼ਾਨਦਾਰ ਸਜਾਵਟੀ ਰੋਸ਼ਨੀ ਲਗਾਈ ਗਈ ਹੈ |

---------------------------------------------------------

ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕੇ. ਰਾਮ ਮੋਹਨ ਨਾਇਡੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਹਵਾਬਾਜ਼ੀ ਖੇਤਰ ਵਿੱਚ ਪੂਰੀ ਤਰ੍ਹਾਂ ਤਬਦੀਲੀ ਆਈ ਹੈ। ਉਹ ਨਵੀਂ ਦਿੱਲੀ ਵਿੱਚ VORTEX ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸੀ । ਇਹ ਛੋਟੇ ਅਤੇ ਦਰਮਿਆਨੇ ਉੱਦਮਾਂ ਨੂੰ ਆਲਮੀ ਏਅਰੋਸਪੇਸ ਸਪਲਾਈ ਚੇਨਾਂ ਨਾਲ ਜੋੜਨ ਲਈ ਇੱਕ ਰਾਸ਼ਟਰੀ ਪਹਿਲਕਦਮੀ ਹੈ। ਸ਼੍ਰੀ ਨਾਇਡੂ ਨੇ ਕਿਹਾ ਕਿ ਪਹਿਲਾਂ ਇਸਨੂੰ ਇੱਕ ਵਿਸ਼ੇਸ਼ ਖੇਤਰ ਮੰਨਿਆ ਜਾਂਦਾ ਸੀ, ਪਰ ਹੁਣ ਆਮ ਲੋਕਾਂ ਵੱਲੋਂ ਵੀ ਅਪਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਖੇਤਰ ਵਿੱਚ ਆਤਮ -ਨਿਰਭਰਤਾ ਵੱਲ ਕੰਮ ਕਰ ਰਹੀ ਹੈ, ਜਿਸ ਵਿੱਚ ਹਿੱਸੇ ਪੁਰਜ਼ੇ ਨਿਰਮਾਣ ਤੋਂ ਲੈ ਕੇ ਭਾਰਤ ਵਿੱਚ

ਨਿਰਮਿਤ ਜਹਾਜ਼ਾਂ ਤੱਕ ਦੇ ਸਾਰੇ ਖੇਤਰ ਸ਼ਾਮਲ ਨੇ । ਉਨ੍ਹਾਂ ਇਹ ਵੀ ਕਿਹਾ ਕਿ ਦੇਸ਼ ਵਿੱਚ ਮੁਸਾਫ਼ਰਾਂ ਦੀ ਹਵਾਈ ਆਵਾਜਾਈ 2035 ਤੱਕ 8.9 ਫੀਸਦੀ ਦੀ ਸਾਲਾਨਾ ਦਰ ਨਾਲ ਵਧਣ ਦੀ ਉਮੀਦ ਹੈ, ਜੋ ਕਿ ਦੁਨੀਆ ਦੀ ਕਿਸੇ ਵੀ ਵੱਡੀ ਅਰਥਵਿਵਸਥਾ ਲਈ ਸਭ ਤੋਂ ਤੇਜ਼ ਵਾਧਾ ਹੈ।

--------------------------------------------------------

ਨਵੀਂ ਅਤੇ ਨਵਿਆਉਣਯੋਗ ਊਰਜਾ ਰਾਜ ਮੰਤਰੀ ਸ਼੍ਰੀਪਦ ਯੈਸੋ ਨਾਇਕ ਨੇ ਦੂਰ-ਦੁਰਾਡੇ ਅਤੇ ਚੁਗਿਰਦੇ ਪੱਖੋਂ ਸੰਵੇਦਨਸ਼ੀਲ ਇਲਾਕਿਆਂ ਵਿੱਚ ਭਰੋਸੇਯੋਗ ਬਿਜਲੀ ਵਿਕਲਪ ਪ੍ਰਦਾਨ ਕਰਨ ਵਿੱਚ ਛੋਟੇ ਪਣ-ਬਿਜਲੀ ਪ੍ਰੋਜੈਕਟਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਅੱਜ ਨਵੀਂ ਦਿੱਲੀ ਵਿੱਚ ਭਾਰਤ ਨਵਿਆਉਣਯੋਗ ਊਰਜਾ ਸੰਮੇਲਨ ਅਤੇ ਪ੍ਰਦਰਸ਼ਨੀ ਦੇ ਪੂਰਵਲੋਕਨ ਸਮਾਗਮ ਵਿੱਚ ਬੋਲਦਿਆਂ, ਸ਼੍ਰੀ ਨਾਇਕ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਦੇਸ਼ ਦੀ ਸਾਫ਼ ਸੁਥਰੀ ਊਰਜਾ ਯਾਤਰਾ ਵਿੱਚ ਇੱਕ ਸ਼ਾਨਦਾਰ ਤਬਦੀਲੀ ਆਈ ਹੈ। ਇਹ ਕਾਨਫਰੰਸ ਅਤੇ ਪ੍ਰਦਰਸ਼ਨੀ 2 ਤੋਂ 5 ਨਵੰਬਰ ਤੱਕ ਨਵੀਂ ਦਿੱਲੀ ਵਿੱਚ ਆਯੋਜਿਤ ਕੀਤੀ ਜਾਵੇਗੀ। ਸ਼੍ਰੀ ਨਾਇਕ ਨੇ ਦੱਸਿਆ ਕਿ 2026-27 ਤੋਂ 2030-31 ਦੀ ਮਿਆਦ ਲਈ ਤਜਵੀਜ਼ਸ਼ੁਦਾ ਛੋਟੀ ਪਣ-ਬਿਜਲੀ ਵਿਕਾਸ ਯੋਜਨਾ ਤਹਿਤ 2,584 ਕਰੋੜ ਰੁਪਏ ਤੋਂ ਵੱਧ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤਹਿਤ ਲਗਭਗ 1,500 ਮੈਗਾਵਾਟ ਦੀ ਸਮਰੱਥਾ ਦਾ ਟੀਚਾ ਰੱਖਿਆ ਗਿਆ ਹੈ।

---

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਉਪ-ਰਾਸ਼ਟਰਪਤੀ ਭਵਨ ਵਿਖੇ ਪ੍ਰਸਿੱਧ ਸਮਾਜ ਸੇਵੀ ਪ੍ਰਿੰਸ ਰਹੀਮ ਆਗਾ ਖਾਨ ਪੰਜਵੇਂ ਨਾਲ ਮੁਲਾਕਾਤ ਕੀਤੀ। ਦੋਵਾਂ ਆਗੂਆਂ ਨੇ ਪਾਣੀ ਅਤੇ ਸਾਫ ਸੁਥਰੀ, ਔਰਤਾਂ ਦੀ ਅਗਵਾਈ ਵਾਲੇ ਸਵੈ-ਸਹਾਇਤਾ ਸਮੂਹਾਂ, ਸਿੱਖਿਆ ਅਤੇ ਭਾਈਚਾਰਕ ਵਿਕਾਸ ਵਿੱਚ ਆਗਾ ਖਾਨ ਵਿਕਾਸ ਨੈੱਟਵਰਕ ਦੇ ਯੋਗਦਾਨ ਬਾਰੇ ਚਰਚਾ ਕੀਤੀ। ਉਪ ਰਾਸ਼ਟਰਪਤੀ ਨੇ ਪੂਰਬੀ ਅਫਰੀਕਾ ਅਤੇ ਅਫਗਾਨਿਸਤਾਨ ਵਿੱਚ ਇਸ ਦੀਆਂ ਪਹਿਲਕਦਮੀਆਂ ਦੀ ਸ਼ਲਾਘਾ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਨ੍ਹਾਂ ਨੇ ਖੇਡਾਂ ਅਤੇ ਸਿੱਖਿਆ ਵਰਗੇ ਖੇਤਰਾਂ ਵਿੱਚ ਭਾਰਤ ਅਤੇ ਆਗਾ ਖਾਨ ਵਿਕਾਸ ਨੈੱਟਵਰਕ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਵੀ ਚਰਚਾ ਕੀਤੀ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ  ਅੱਜ ਨਵੀਂ ਦਿੱਲੀ ਵਿੱਚ ਇਸਮਾਈਲੀ ਮੁਸਲਿਮ ਭਾਈਚਾਰੇ ਦੇ 50ਵੇਂ ਇਮਾਮ ਪ੍ਰਿੰਸ ਰਹੀਮ ਆਗਾ ਖਾਨ ਪੰਜਵੇਂ ਨਾਲ ਮੁਲਾਕਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਸਵਰਗੀ ਆਗਾ ਖਾਨ ਚੌਥੇ ਅਤੇ ਵਿਕਾਸ ਕਾਰਜਾਂ ਵਿੱਚ ਉਨ੍ਹਾਂ ਦੇ ਅਮਿੱਟ ਯੋਗਦਾਨ ਨੂੰ ਯਾਦ ਕਰਦੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਿਹਤ ਸੰਭਾਲ, ਖੇਤੀਬਾੜੀ, ਪੇਂਡੂ ਵਿਕਾਸ, ਨੌਜਵਾਨਾਂ  ਅਤੇ ਮਹਿਲਾ ਸਸ਼ਕਤੀਕਰਨ ਦੇ ਖੇਤਰਾਂ ਵਿੱਚ

ਆਗਾ ਖਾਨ ਵਿਕਾਸ ਨੈੱਟਵਰਕ ਨਾਲ ਭਾਰਤ ਦੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ।

---------------------------------------------------------------

ਪੰਜਾਬ ਦੇ ਸਾਬਕਾ ਮੰਤਰੀ ਭਗਤ ਚੁੰਨੀ ਲਾਲ ਦਾ ਅੱਜ ਜਲੰਧਰ ਦੇ ਮਾਡਲ ਹਾਊਸ ਨੇੜੇ ਸ਼ਮਸ਼ਾਨਘਾਟ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਏ. ਸਾਬਕਾ ਮੰਤਰੀ ਦਾ ਲੰਮੀ ਬਿਮਾਰੀ ਮਗਰੋਂ ਅੱਜ ਦੇਹਾਂਤ ਹੋ ਗਿਆ ਸੀ । ਉਹ 94 ਸਾਲਾਂ ਦੇ ਸਨ। ਸਾਲ 2012 ਵਿੱਚ ਸ਼੍ਰੋਮਣੀ ਅਕਾਲੀ ਦਲ-BJP ਸਰਕਾਰ ਦੌਰਾਨ ਕੈਬਨਿਟ ਮੰਤਰੀ ਰਹੇ ਸ੍ਰੀ ਭਗਤ ਨੇ ਉਸ ਸਮੇਂ ਦੀ ਪ੍ਰਕਾਸ਼ ਸਿੰਘ ਬਾਦਲ ਸਰਕਾਰ ਵਿੱਚ ਸਥਾਨਕ ਸਰਕਾਰਾਂ, ਮੈਡੀਕਲ ਸਿੱਖਿਆ, ਜੰਗਲਾਤ, ਜੰਗਲੀ ਜੀਵ ਅਤੇ ਕਿਰਤ ਵਿਭਾਗਾਂ ਦੇ ਮੰਤਰੀ ਵਜੋਂ ਜਿੰਮੇਵਾਰੀ ਨਿਭਾਈ । ਉਨ੍ਹਾਂ ਦੇ ਪੁੱਤਰ, ਮਹਿੰਦਰ ਭਗਤ, ਇਸ ਸਮੇਂ 'ਆਮ ਆਦਮੀ ਪਾਰਟੀ' ਦੀ ਸਰਕਾਰ ਵਿੱਚ ਮੰਤਰੀ ਨੇ।

---------------------------------------------------------------

ਭਾਰਤ ਨੇ ਮਹਿਲਾ ਹਾਕੀ ਜੂਨੀਅਰ ਏਸ਼ੀਆ ਕੱਪ ਦੇ ਸੈਮੀਫਾਈਨਲ ਲਈ ਕੁਆਲੀਫਾਈ ਕਰ ਲਿਆ ਹੈ। ਭਾਰਤ ਨੇ ਅੱਜ ਚੀਨ ਦੇ ਮੋਕੀ ਵਿੱਚ ਪਾਕਿਸਤਾਨ ਨੂੰ 19-0 ਨਾਲ ਹਰਾਇਆ। ਭਾਰਤ ਲਈ ਪੂਜਾ ਮਲਿਕ ਨੇ ਹੈਟ੍ਰਿਕ ਬਣਾਈ, ਜਦੋਂ ਕਿ ਸਾਨਿਕਾ ਚੰਦਰਕਾਂਤ ਮਾਨੇ, ਮਧੂ ਸਿਦਾਰ, ਸੁਪ੍ਰੀਆ ਅਤੇ ਰੋਸ਼ਨੀ ਆਇੰਦ ਨੇ ਦੋ-ਦੋ ਗੋਲ ਕੀਤੇ।

---------------------------------------------------------------

ਮਹਿਲਾ ਏਸ਼ੀਆ ਕੱਪ ਕ੍ਰਿਕਟ ਦੇ ਪਹਿਲੇ ਸੈਮੀਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ। ਇਹ ਮੈਚ ਦੁਬਈ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਭਾਰਤੀ ਸਮੇਂ ਅਨੁਸਾਰ ਰਾਤੀਂ 8 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਆਪਣੇ ਗਰੁੱਪ ਪੜਾਅ ਦੇ ਤਿੰਨੋਂ ਮੈਚ ਜਿੱਤੇ ਨੇ। ਕੱਲ੍ਹ ਦੂਜੇ ਸੈਮੀਫਾਈਨਲ ਵਿੱਚ, ਸ਼੍ਰੀਲੰਕਾ ਅਤੇ ਪਾਕਿਸਤਾਨ ਆਹਮੋ-ਸਾਹਮਣੇ ਹੋਣਗੇ।

--------------------------------------------------------

ਦਿੱਲੀ ਸਰਕਾਰ ਹੁਣ ਆਪਣੀ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (SDRF) ਬਣਾਏਗੀ। ਇਸ ਨਾਲ ਆਫ਼ਤ ਦੀ ਸਥਿਤੀ 'ਚ ਸਿਖਲਾਈ ਪ੍ਰਾਪਤ ਅਤੇ ਵਿਸ਼ੇਸ਼ ਬਲਾਂ ਨੂੰ ਤੇਜ਼ੀ ਨਾਲ ਭੇਜਣ, ਰਾਹਤ ਅਤੇ ਬਚਾਅ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਅਤੇ ਜਾਨ-ਮਾਲ ਦੇ ਨੁਕਸਾਨ ਨੂੰ ਘੱਟ ਕਰਨ ਵਿੱਚ ਮਦਦ ਮਿਲੇਗੀ ।ਅੱਜ ਦਿੱਲੀ ਸਕੱਤਰੇਤ ਵਿਖੇ ਮੁੱਖ ਮੰਤਰੀ ਰੇਖਾ ਗੁਪਤਾ ਦੀ ਪ੍ਰਧਾਨਗੀ ਹੇਠ ਇੱਕ ਉੱਚ-ਪੱਧਰੀ ਮੀਟਿੰਗ 'ਚ SDRF ਦੇ ਗਠਨ ਦਾ ਫੈਸਲਾ ਲਿਆ ਗਿਆ ਏ | ਇਸ ਵਿੱਚ ਵੱਧ ਤੋਂ ਵੱਧ 1100 ਕਰਮਚਾਰੀ ਹੋਣਗੇ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੈਰਿਸ ਵਿੱਚ ਅੰਤਰਰਾਸ਼ਟਰੀ ਪੁਲਾੜ ਸੰਮੇਲਨ ਨੂੰ ਵੀਡੀਓ ਕਾਨਫਰੰਸ ਰਾਹੀਂ ਸੰਬੋਧਨ ਕੀਤਾ ਅਤੇ ਉਨ੍ਹਾਂ ਕਿਹਾ ਕਿ ਭਾਰਤ ਇੱਕ ਸੁਰੱਖਿਅਤ,

ਸ਼ਾਂਤੀਪੂਰਨ ਅਤੇ ਨਿਰੰਤਰ ਰਹਿਣਯੋਗ ਪੁਲਾੜ ਖੇਤਰ ਦਾ ਸਮਰਥਨ ਕਰਦਾ ਏ ।

- ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਇਸ ਹਫ਼ਤੇ ਨਵੀਂ ਦਿੱਲੀ ਵਿੱਚ ਬ੍ਰਿਕਸ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਆਉਣਗੇ।

- ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ K . ਰਾਮ ਮੋਹਨ ਨਾਇਡੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਹਵਾਬਾਜ਼ੀ ਖੇਤਰ ਵਿੱਚ ਮਹੱਤਵਪੂਰਨ ਤਬਦੀਲੀ ਆਈ ਏ |

- ਭਾਰਤ ਪਾਕਿਸਤਾਨ ਨੂੰ ਹਰਾ ਕੇ ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਸੈਮੀਫਾਈਨਲ 'ਚ ਪਹੁੰਚ ਗਿਆ ਏ |

- ਮਹਿਲਾ ਏਸ਼ੀਆ ਕੱਪ ਕ੍ਰਿਕੇਟ ਦੇ ਪਹਿਲੇ ਸੈਮੀਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ।

---------------------------------------------

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਰਾਸ਼ਟਰੀ ਬੁਲੇਟਿਨ, ਸਵੇਰੇ ਸਾਢੇ 8 ਵਜੇ ਹੋਏਗਾ.

ਨਮਸਕਾਰ!